# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 02-08-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਉੱਤਰ ਪ੍ਰਦੇਸ਼ ਦੇ ਆਪਣੇ ਸੰਸਦੀ ਖੇਤਰ ਵਾਰਾਣਸੀ ਤੋਂ ਪ੍ਰਧਾਨ ਮੰਤਰੀ ਕਿਸਾਨ ਸਮਾਨ ਨਿਧੀ  ਯੋਜਨਾ ਦੀ 20ਵੀਂ ਕਿਸ਼ਤ ਜਾਰੀ ਕੀਤੀ। ਇਸ ਕਿਸ਼ਤ ਵਿੱਚ, 9 ਕਰੋੜ 70 ਲੱਖ ਤੋਂ ਵੱਧ ਕਿਸਾਨਾਂ ਨੂੰ 20 ਹਜ਼ਾਰ 500 ਕਰੋੜ ਰੁਪਏ ਟ੍ਰਾਂਸਫਰ ਕੀਤੇ ਗਏ। ਇਸ ਮੌਕੇ ਇਕੱਠ ਨੂੰ ਸਬੋਧਨ ਕਰਦਿਆਂ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ।

**BYTE**

ਇਸ ਯੋਜਨਾ ਤਹਿਤ ਹੁਣ ਤੱਕ ਦੇਸ਼ ਦੇ ਕਿਸਾਨਾਂ ਨੂੰ ਕੁੱਲ 3 ਲੱਖ 90 ਹਜ਼ਾਰ ਕਰੋੜ ਰੁਪਏ ਭੇਜੇ ਜਾ ਚੁੱਕੇ ਹਨ। ਕਿਸਾਨਾਂ ਨੂੰ ਸਿੱਧਾ ਲਾਭ ਤਬਾਦਲਾ - ਡੀ.ਬੀ.ਟੀ ਰਾਹੀਂ ਉਨ੍ਹਾਂ ਦੇ ਆਧਾਰ ਨੰਬਰ ਨਾਲ ਜੁੜੇ ਬੈਂਕ

ਖਾਤਿਆਂ ਵਿੱਚ ਤਿੰਨ ਬਰਾਬਰ ਕਿਸ਼ਤਾਂ ਵਿੱਚ ਹਰ ਸਾਲ ਛੇ ਹਜ਼ਾਰ ਰੁਪਏ ਦਾ ਵਿੱਤੀ ਲਾਭ ਪ੍ਰਦਾਨ ਕੀਤਾ ਜਾਂਦਾ ਏ। ਪ੍ਰਧਾਨ ਮੰਤਰੀ ਨੇ ਅੱਜ ਵਾਰਾਣਸੀ ਵਿੱਚ ਲਗਭਗ 2 ਹਜ਼ਾਰ 200 ਕਰੋੜ ਰੁਪਏ ਦੇ ਬੁਨਿਆਦੀ ਢਾਂਚੇ ਅਤੇ ਸ਼ਹਿਰੀ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ।

---------------------------------------------------------------

ਇਸੇ ਦੌਰਾਨ ਜਿਲਾ ਸੰਗਰੂਰ ਅਤੇ ਮੋਹਾਲੀ ਦੇ ਕਿਸਾਨਾਂ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਕਿਸਾਨ ਸਨਮਾਨ ਨਿਧੀ ਯੋਜਨਾ ਤਹਿਤ ਭੇਜੇ ਗਏ 2 ਹਜ਼ਾਰ ਰੁਪਏ ਲਈ ਕੇਂਦਰ ਸਰਕਾਰ ਦਾ ਧੰਨਵਾਦ ਕੀਤਾ।

ਸੰਗਰੂਰ ਦੇ ਕਿਸਾਨ ਬਲਵਿੰਦਰ ਸਿੰਘ ਤੇ ਮੋਹਾਲੀ ਦੇ ਪਿੰਡ ਚੋਲਟਾ ਕਲਾਂ ਦੇ ਸੁਰਜੀਤ ਸਿੰਘ ਬੂਟਾ ਦਾ ਕਹਿਣਾ ਕਿ ਕੇਂਦਰ ਸਰਕਾਰ ਦੀ ਇਸ ਯੋਜਨਾ ਨਾਲ ਛੋਟੇ ਅਤੇ ਮੱਧ ਵਰਗੀ ਕਿਸਾਨਾਂ ਨੂੰ ਬਹੁਤ ਮਿਲਦਾ ਏ। ਇਸ ਸਹਾਇਤਾ ਨਾਲ ਕਿਸਾਨਾਂ ਨੂੰ ਆਪਣੀ ਫ਼ਸਲ ਲਈ ਖਾਦ ਅਤੇ ਕੀਟ ਨਾਸ਼ਕ ਦਵਾਈਆਂ ਵਾਸਤੇ ਬਹੁਤ ਫਾਇਦਾ ਮਿਲਦਾ ਏ।

**BYTE**

-----------------------------------------------

ਪੰਜਾਬ ਨੇ ਜੁਲਾਈ 2025 ਵਿੱਚ ਵਸੂਲੇ ਗਏ ਵਸਤੂਆਂ ਅਤੇ ਸੇਵਾਵਾਂ ਕਰ ਵਿੱਚ ਪਿਛਲੇ ਸਾਲ ਦੀ ਇਸੇ ਮਿਆਦ ਦੇ ਮੁਕਾਬਲੇ 32.08 ਫੀਸਦੀ ਦਾ ਸ਼ੁੱਧ ਵਾਧਾ ਦਰਜ ਕੀਤਾ ਏ। ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਸ਼ਾਨਦਾਰ ਕਾਰਗੁਜ਼ਾਰੀ ਪਿਛਲੇ ਸਾਢੇ ਤਿੰਨ ਸਾਲਾਂ ਤੋਂ ਟੈਕਸ ਮਾਲੀਏ ਵਿੱਚ ਸਾਲ-ਦਰ-ਸਾਲ ਅਤੇ ਮਹੀਨਾ-ਦਰ-ਮਹੀਨਾ ਰਿਕਾਰਡ-ਤੋੜ ਵਾਧਾ ਦਰਜ ਕਰਨ ਦੇ ਸੂਬੇ ਦੇ ਨਿਰੰਤਰ ਰੁਝਾਨ ਦਾ ਹਿੱਸਾ ਏ। ਇੱਕ ਪ੍ਰੈਸ ਬਿਆਨ ਵਿੱਚ ਵਿੱਤ ਮੰਤਰੀ  ਨੇ ਦੱਸਿਆ ਕਿ ਜੁਲਾਈ 2025 ਵਿੱਚ ਵਸੂਲਿਆ ਗਿਆ ਸ਼ੁੱਧ ਜੀ.ਐਸ.ਟੀ ਮਾਲੀਆ 2 ਹਜ਼ਾਰ 357 ਕਰੋੜ 78 ਲੱਖ ਰੁਪਏ ਰਿਹਾ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਵਿੱਤੀ ਸਾਲ 2025-26 ਦੀ ਪਹਿਲੀ ਤਿਮਾਹੀ ਦੌਰਾਨ ਕਰ ਵਿਭਾਗ, ਪੰਜਾਬ ਦੀ ਸਟੇਟ ਜਾਂਚ ਅਤੇ ਰੋਕਥਾਮ ਇਕਾਈ ਨੇ ਜੁਰਮਾਨਿਆਂ ਵਜੋਂ 156 ਕਰੋੜ 40 ਲੱਖ ਰੁਪਏ ਵਸੂਲ ਕੀਤੇ ਨੇ। ਇਸ ਵਿੱਚੋਂ 57 ਕਰੋੜ 43 ਲੱਖ

ਰੁਪਏ ਸੜਕਾਂ 'ਤੇ ਕੀਤੀਆਂ ਗਈਆਂ ਚੈਕਿੰਗਾਂ ਤੋਂ ਅਤੇ 98 ਕਰੋੜ 97 ਲੱਖ ਰੁਪਏ ਜਾਂਚਾਂ ਤੇ ਪੜਤਾਲਾਂ ਤੋਂ ਵਸੂਲੇ ਗਏ ਨੇ।

-----------------------------------------------------------

ਯੁੱਧ ਨਸ਼ਿਆ ਵਿਰੁੱਧ' ਮੁਹਿੰਮ ਤਹਿਤ ਬਠਿੰਡਾ ਦੇ ਜ਼ਿਲ੍ਹਾ ਅਤੇ ਸੈਸਨ ਜੱਜ ਕਰੁਨੇਸ਼ ਕੁਮਾਰ, ਡੀ.ਆਈ.ਜੀ ਹਰਜੀਤ ਸਿੰਘ ਅਤੇ ਜ਼ਿਲ੍ਹਾ ਪੁਲਿਸ ਮੁਖੀ ਅਮਨੀਤ ਕੌਂਡਲ ਨੇ ਅੱਜ ਕੇਂਦਰੀ ਜੇਲ੍ਹ ਦੀ ਚੈਕਿੰਗ ਕੀਤੀ। ਡੀ.ਆਈ.ਜੀ ਨੇ ਕਿਹਾ ਕਿ ਅਚਨਚੇਤ ਚੈਕਿੰਗ ਦਾ ਮੁੱਖ ਮੰਤਵ ਜੇਲ੍ਹਾਂ ਵਿੱਚ ਨਸ਼ਿਆਂ ਅਤੇ ਹੋਰ ਗੈਰ ਕਾਨੂੰਨੀ ਗਤੀਵਿਧੀਆਂ ਨੂੰ ਰੋਕਣਾ, ਸੁਰੱਖਿਆ ਪ੍ਰਬੰਧ ਦੇਖਣਾ ਅਤੇ ਅਣਚਾਹੀਆਂ ਘਟਨਾਵਾਂ ਨੂੰ ਟਾਲਣਾ ਏ। ਐਸ.ਐਸ.ਪੀ ਨੇ ਕਿਹਾ ਕਿ ਸਿਵਲ ਤੇ ਪੁਲਿਸ ਵਿਭਾਗ ਵਲੋਂ ਨਸ਼ੇ ਦੀ ਰੋਕਥਾਮ ਲਈ ਵੱਖ-ਵੱਖ ਗਤੀਵਿਧੀਆਂ ਕੀਤੀ ਜਾ ਰਹੀਆਂ ਹਨ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਪਿੰਡਾਂ ਜਾਂ ਸ਼ਹਿਰਾਂ ਚ ਤੁਹਾਡੇ ਆਲੇ-ਦੁਆਲੇ ਕੋਈ ਵੀ ਤਸਕਰ ਨਸ਼ਾ ਵੇਚਦਾ ਏ ਤਾਂ ਉਹ ਪੁਲਿਸ ਦੇ ਟੋਲ ਫ਼ਰੀ ਜਾਂ ਵਟਸਐਪ ਨੰਬਰ ਜਾਂ ਕੰਟਰੋਲ ਰੂਮ ਦੇ ਨੰਬਰ

75080-09080 'ਤੇ ਸੂਚਨਾ ਦੇ ਸਕਦੇ ਨੇ । ਵਿਅਕਤੀ ਦੀ ਪਹਿਚਾਣ ਤੇ ਨਾਮ ਗੁਪਤ ਰੱਖਿਆ ਜਾਵੇਗਾ।

---------------------------------------------------

ਗੜ੍ਹਸ਼ੰਕਰ ਦੇ ਪਿੰਡ ਮੋਰਾਂਵਾਲੀ ਨੇੜੇ ਬੀਤੀ ਸ਼ਾਮ ਇਕ ਮੋਟਰਸਾਈਕਲ ਅਤੇ ਕਾਰ ਦੀ ਆਹਮੋ ਸਾਹਮਣੀ ਟੱਕਰ ਵਿਚ ਕਾਰ ਸਵਾਰ 12 ਸਾਲਾ ਬੱਚੇ ਦੀ ਮੌਤ ਹੋ ਗਈ ਜਦਕਿ 9 ਲੋਕ ਜ਼ਖਮੀ ਹੋ ਗਏ । ਸਾਡੇ ਪੱਤਰਕਾਰ ਨੇ ਦਸਿਆ ਕਿ ਇਹ ਹਾਦਸਾ ਉਸ ਵੇਲੇ ਵਾਪਰਿਆ ਜਦੋਂ ਮੋਟਰਸਾਈਕਲ ਸਵਾਰ ਕੁਝ ਨੌਜਵਾਨਾਂ ਨੇ ਸਕੂਟਰ ਤੇ ਜਾ ਰਹੀ ਇੱਕ ਔਰਤ ਦੇ ਗਹਿਣੇ ਖੋਹਕੇ ਤੇਜ਼ ਰਫ਼ਤਾਰ ਨਾਲ ਭੱਜਣ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ਦਾ ਮੋਟਰਸਾਈਕਲ ਸਾਹਮਣੇ ਤੋਂ ਆ ਰਹੀ ਕਾਰ ਨਾਲ ਟਕਰਾ ਗਿਆ । ਟੱਕਰ ਕਰਨ ਕਾਰ ਪਲਟ ਗਈ ਅਤੇ ਕਾਰ ਸਵਾਰ 12 ਸਾਲਾ ਬੱਚੇ ਦੀ ਮੌਤ ਹੋ ਗਈ ਤੇ ਸੱਤ ਲੋਕ ਜ਼ਖਮੀ ਹੋ ਗਏ। ਉਨ੍ਹਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਗੜ੍ਹਸ਼ੰਕਰ ਲਿਜਾਇਆ ਗਿਆ । ਇਸ ਦੌਰਾਨ ਲੁੱਟ ਖੋਹ ਕਰਨ ਵਾਲੇ ਤਿੰਨ ਨੌਜਵਾਨ ਵੀ ਗੰਭੀਰ ਜ਼ਖਮੀ ਹੋ ਗਏ ।

---------------------------------------------------------------

ਓਧਰ ਮਾਹਿਲਪੁਰ-ਫਗਵਾੜਾ ਸੜਕ ’ਤੇ ਪੈਂਦੇ ਪਿੰਡ ਪਾਲਦੀ ਨੇੜੇ ਬੀਤੀ ਦੇਰ ਰਾਤ ਇੱਕ ਜੀਪ ਬੇਕਾਬੂ ਹੋ ਕੇ ਦਰਖ਼ਤ ਨਾਲ ਟਕਰਾ ਗਈ, ਜਿਸ ਵਿਚ ਦੋ ਨੌਜਵਾਨਾਂ ਦੀ ਮੌਤ ਹੋ ਗਈ। ਥਾਣੇਦਾਰ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਮ੍ਰਿਤਕਾਂ ਦੀ ਪਛਾਣ ਢਾਡਾ ਖ਼ੁਰਦ ਵਾਸੀ ਹਰਸ਼ਵੀਰ ਸਿੰਘ ਅਤੇ ਮੁੱਖੋ ਮਜਾਰਾ ਵਾਸੀ ਹਰਸਿਮਰਨ ਸਿੰਘ ਵਜੋਂ ਹੋਈ ਏ। ਇਹ ਦੋਵੇਂ 12ਵੀਂ ਜਮਾਤ ਦੇ ਵਿਦਿਆਰਥੀ ਸਨ। ਪੁਲਿਸ ਅਗਲੀ ਕਾਰਵਾਈ ਕਰ ਰਹੀ ਏ।

---------------------------------------------------------------

ਬਠਿੰਡਾ ਖੇਤੀਬਾੜੀ ਵਿਭਾਗ ਨੇ ਪਿੰਡ ਘੁੱਦਾ ਵਿਖੇ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਦੇ ਮੱਦੇਨਜ਼ਰ ਕੱਲ ਕਿਸਾਨ ਸਿਖਲਾਈ ਕੈਂਪ ਲਗਾਇਆ। ਕੈਂਪ ਦੌਰਾਨ ਐਸ.ਡੀ.ਐਮ ਬਲਕਰਨ ਸਿੰਘ ਨੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਕਿਸਾਨਾਂ ਨੂੰ ਪ੍ਰੇਰਿਤ ਕੀਤਾ। ਉਨ੍ਹਾਂ ਸੂਬਾ ਸਰਕਾਰ ਵੱਲੋਂ ਦਿੱਤੀਆਂ ਮਸ਼ੀਨਾਂ ਦੀ ਵੱਧ ਤੋਂ ਵੱਧ ਵਰਤੋਂ ਕਰਨ ਦੇ ਨਾਲ-ਨਾਲ ਮਿੱਟੀ ਹਵਾ ਦੀ ਸਿਹਤ ਸੰਭਾਲਣ

ਲਈ ਕਿਸਾਨਾਂ ਨੂੰ ਸੁਚੇਤ ਕੀਤਾ। ਖੇਤੀਬਾੜੀ ਵਿਕਾਸ ਅਫ਼ਸਰ ਡਾ. ਭਰਪੂਰ ਸਿੰਘ ਨੇ ਨਰਮੇ ਦੀ ਫਸਲ ਦੀ ਸੁਚੱਜੀ ਕਾਸ਼ਤ ਬਾਰੇ, ਖਾਦ ਪ੍ਰਬੰਧਨ ਅਤੇ ਕੀਟ ਪ੍ਰਬੰਧਨ ਬਾਰੇ ਵਿਸਥਾਰ ਨਾਲ ਦੱਸਿਆ । ਡਾ. ਮਨੋਜ ਕੁਮਾਰ ਨੇ ਪਕਾਵੀਂ ਮੱਕੀ ਵਿੱਚ ਨਦੀਨਾਂ ਦੀ ਰੋਕਥਾਮ ਅਤੇ ਖਾਦ ਪ੍ਰਬੰਧ ਬਾਰੇ ਜਾਣਕਾਰੀ ਦਿੰਦਿਆ ਖੇਤੀ ਖਰਚੇ ਘਟਾ ਕੇ ਵੱਧ ਮੁਨਾਫੇ ਦੇ ਸਿਧਾਂਤ ‘ਤੇ ਖੇਤੀ ਕਰਕੇ ਖੇਤੀ ਨੂੰ ਲਾਹੇਵੰਦ ਧੰਦਾ ਬਣਾਉਣ ਲਈ ਯਤਨ ਕਰਨ ਬਾਰੇ ਵਿਚਾਰ ਸਾਂਝੇ ਕੀਤੇ ।